9page8.qxd 1/8/2025 10:07 PM Page 1

ਪੰਜਾਬ ਵਾਸੀ ਐਚ.ਐਮ.ਪੀ.ਵੀ ਵਾਇਰਸ ਤੋਂ ਨਾ ਘਬਰਾਉਣ : ਡਾ. ਬਲਬੀਰ ਸਿੰਘ

ਕਿਹਾ, ਪੰਜਾਬ 'ਚ ਕੋਈ ਕੇਸ ਨਹੀਂ, ਫਿਰ ਵੀ ਪ੍ਰਭਾਵਤ ਵਿਅਕਤੀਆਂ ਦੇ ਟੈਸਟ ਤੇ ਇਲਾਜ ਲਈ ਰਾਜ 'ਚ ਪੁਖ਼ਤਾ ਇੰਤਜ਼ਾਮ

ਪਟਿਆਲਾ, 8 ਜਨਵਰੀ (ਰਾਜਿੰਦਰ ਸਿੰਘ ਥਿੰਦ): ਪੰਜਾਬ ਦੇ ਸਿਹਤ ਤੇ ਪ੍ਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਨਵੇਂ ਉਭਰੇ ਹਿਊਮਨ ਮੈਟਾਨਿਊਮੋ ਵਾਇਰਸ (ਐਚ.ਐਮ.ਪੀ.ਵੀ) ਤੋਂ ਕਿਸੇ ਵੀ ਤਰ੍ਹਾਂ ਨਾ ਘਬਰਾਉਣ। ਸਿਹਤ ਮੰਤਰੀ ਨੇ ਅੱਜ ਸਰਕਾਰੀ ਰਾਜਿੰਦਰਾ ਹਸਪਤਾਲ ਵਿਖੇ ਇਹ ਵਾਇਰਸ ਤੋਂ ਸੰਭਾਵਤ ਪ੍ਰਭਾਵਤ ਵਿਅਕਤੀਆਂ ਦੇ ਇਲਾਜ ਲਈ ਕੀਤੀਆਂ ਤਿਆਰੀਆਂ ਦਾ ਜਾਇਜ਼ਾ ਲਿਆ।

ਸਿਹਤ ਮੰਤਰੀ ਡਾ. ਬਲਬੀਰ ਸਿੰਘ ਸਰਕਾਰੀ ਰਾਜਿੰਦਰਾ ਹਸਪਤਾਲ ਦੇ ਸਵਾਈਨ ਫ਼ਲੂ ਵਾਰਡ ਵਿਖੇ ਪ੍ਰਬੰਧਾਂ ਦਾ ਜਾਇਜ਼ਾ ਲੈਂਦੇ ਹੋਏ।

ਉਨ੍ਹਾਂ ਨੇ ਦਸਿਆ ਕਿ ਇਸ ਵਾਇਰਸ ਦੀ ਟੈਸਟਿੰਗ ਸਹੂਲਤ ਰਾਜਿੰਦਰਾ ਹਸਪਤਾਲ ਸਮੇਤ ਪੂਰੇ ਪੰਜਾਬ 'ਚ ਉਪਲਬੱਧ ਹੈ ਅਤੇ ਇਥੇ ਲਾਇਫ਼ ਸਪੋਰਟ ਐਮਰਜੈਂਸੀ ਸਵਾਈਨ ਫ਼ਲੂ ਵਾਰਡ ਵਿਚ 20 ਬੈੱਡ ਤੇ 5 ਨੰਬਰ ਵਾਰਡ 'ਚ 30 ਬੈੱਡਾਂ ਸਮੇਤ 20 ਵੈਂਟੀਲੇਟਰ ਤਿਆਰ ਹਨ।

ਮੈਡੀਕਲ ਸਿਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਨੇ ਸਪੱਸ਼ਟ ਕੀਤਾ ਹੈ ਕਿ ਐਚ.ਐਮ.ਪੀ.ਵੀ ਵਾਇਰਸ ਕਰੋਨਾ ਵਰਗਾ ਵਾਇਰਸ ਨਹੀਂ ਹੈ ਇਸ ਲਈ ਇਸ ਤੋਂ ਕਿਸੇ ਵੀ ਤਰ੍ਹਾਂ ਦੀ ਘਬਰਾਹਟ ਵਿਚ ਆਉਣ ਦੀ ਲੋੜ ਨਹੀਂ ਹੈ ਸਗੋਂ ਇਹ ਇਕ ਆਮ ਜ਼ੁਕਾਮ ਵਰਗਾ ਫ਼ਲੂ ਵਰਗਾ ਵਾਇਰਸ ਹੈ। ਉਨ੍ਹਾਂ ਕਿਹਾ ਕਿ ਇਹ ਮਾਮੂਲੀ ਜਿਹਾ ਬੁਖ਼ਾਰ ਤੇ ਖਾਂਸੀ ਜ਼ੁਕਾਮ ਕਰਦਾ ਹੈ, ਜੋ ਕਿ ਇਕ ਹਫ਼ਤੇ 'ਚ ਅਪਣੇ ਆਪ ਹੀ ਠੀਕ ਹੋ ਜਾਂਦਾ ਹੈ ਅਤੇ ਇਸ 'ਚ ਕੋਈ ਖ਼ਤਰਾ ਨਹੀਂ ਹੈ।

ਉਨ੍ਹਾਂ ਦਸਿਆ ਕਿ ਇਸ ਦੇ ਬਾਵਜੂਦ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਸ ਵਾਇਰਸ ਦੇ ਇਲਾਜ ਲਈ ਸਾਰੇ ਪੰਜਾਬ ਵਿਚ ਤਿਆਰੀਆਂ ਕੀਤੀਆਂ ਹੋਈਆਂ ਹਨ। ਸਿਹਤ ਮੰਤਰੀ ਨੇ ਕਿਹਾ ਕਿ ਇਕ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਤੇ ਬਜ਼ੁਰਗਾਂ ਤੇ ਗੰਭੀਰ ਬਿਮਾਰੀਆਂ ਵਾਲਿਆਂ ਨੂੰ ਵੈਸੇ ਵੀ ਸਿਹਤ ਦਾ ਖ਼ਿਆਲ ਰਖਣਾ ਚਾਹੀਦਾ ਹੈ ਅਤੇ ਭੀੜ-ਭਾੜ ਵਾਲੀਆਂ ਥਾਵਾਂ 'ਚ ਜਾਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਜੇਕਰ ਕਿਸੇ ਨੂੰ ਜ਼ੁਕਾਮ ਹੈ ਤਾਂ ਉਹ ਨੱਕ ਮੂੰਹ ਢੱਕ ਕੇ ਰੱਖੇ ਤੇ ਹੱਥ ਧੋਹ ਕੇ ਹੀ ਨੱਕ ਨੂੰ ਲਗਾਵੇ।

ਸਿਖਿਆ ਬੋਰਡ ਨੇ ਓਪਨ ਸਕੂਲ ਪ੍ਰਣਾਲੀ ਲਈ ਦਾਖ਼ਲਾ ਮਿਤੀ ਦਾ ਐਲਾਨ ਕੀਤਾ

28 ਫ਼ਰਵਰੀ ਤਕ ਜਮ੍ਹਾਂ ਹੋ ਸਕਣਗੇ ਦਾਖ਼ਲਾ ਫ਼ਾਰਮ

ਮੋਹਾਲੀ,8 ਜਨਵਰੀ (ਸਤਵਿੰਦਰ ਸਿੰਘ ਧੜਾਕ): ਪੰਜਾਬ ਸਕੂਲ ਸਿਖਿਆ ਬੋਰਡ ਨੇ ਦਸਵੀਂ ਅਤੇ ਬਾਰ੍ਹਵੀਂ ਜਮਾਤ ਨਾਲ ਸਬੰਧਤ ਓਪਨ ਸਕੂਲ ਪ੍ਰਣਾਲੀ ਦੇ ਵਿਦਿਆਰਥੀਆਂ ਲਈ ਦਾਖ਼ਲੇ ਦੀ ਮਿਤੀ ਦਾ ਐਲਾਨ ਕਰ ਦਿਤਾ ਹੈ। ਬਿਨਾਂ ਦੇਰੀ ਫ਼ੀਸ ਦਾਖ਼ਲੇ ਦੀ ਆਖ਼ਰੀ ਮਿਤੀ 28 ਫ਼ਰਵਰੀ ਤੈਅ ਕੀਤੀ ਗਈ ਹੈ ਜਦੋਂ ਕਿ 1 ਮਾਰਚ ਤੋਂ 30 ਅਪ੍ਰੈਲ ਤਕ 1500 ਰੁਪਏ ਦੇਰੀ ਫ਼ੀਸ ਨਾਲ ਦਾਖ਼ਲੇ ਹੋ ਸਕਣਗੇ। ਫ਼ੀਸ ਸਿਰਫ਼ ਆਨਲਾਈਨ ਮਾਧਿਅਮ ਰਾਹੀਂ ਹੀ ਜਮ੍ਹਾਂ ਹੋ ਸਕੇਗੀ।

ਸਿਖਿਆ ਬੋਰਡ ਦੇ ਅਧਿਕਾਰੀਆਂ ਵਲੋਂ ਜਾਰੀ ਵੇਰਵਿਆਂ ਅਨੁਸਾਰ ਸੀਨੀਅਰ ਸੈਕੰਡਰੀ ਤੇ ਮੈਟ੍ਰਿਕ ਨਾਲ ਸਬੰਧਤ ਪੂਰੇ ਵਿਸ਼ਿਆਂ ਦੀਆਂ ਪ੍ਰੀਖਿਆਵਾਂ ਜੁਲਾਈ ਅਤੇ ਅਗੱਸਤ 2025 ਵਿਚ ਹੋਣਗੀਆਂ। ਇਹ ਵੀ ਹਦਾਇਤ ਕੀਤੀ ਗਈ ਹੈ ਕਿ ਦੇਰੀ ਫ਼ੀਸ ਦੀ ਮਿਤੀ ਤੋਂ ਬਾਅਦ ਕਿਸੇ ਵੀ ਵਿਦਿਆਰਥੀ ਦਾ ਦਾਖ਼ਲਾ ਅਤੇ ਆਖ਼ਜਪ ਮਿਤੀ ਵਿਚ ਵਾਧਾ ਨਹੀਂ ਕੀਤਾ ਜਾਵੇਗਾ। ਇਸ ਲਈ ਵਿਦਿਆਰਥੀ ਬੋਰਡ ਦੀ ਵੈਬਸਾਈਟ ਤੇ ਆਨਲਾਈਨ ਪ੍ਰਕਿਰਿਆ ਰਾਹੀਂ ਦਾਖ਼ਲਾ ਫ਼ਾਰਮ ਭਰ ਸਕਣਗੇ।

ਜਲਾਲਾਬਾਦ 'ਚ ਪੁਲਿਸ ਪਾਰਟੀ 'ਤੇ ਨਸ਼ਾ ਤਸਕਰਾਂ ਨੇ ਕੀਤਾ ਹਮਲਾ, ਮਹਿਲਾ ਐਸ.ਐਚ.ਓ. ਦੀ ਬਾਂਹ ਟੁੱਟੀ

2 ਗੰਨਮੈਨਾਂ ਦੇ ਲੱਗੀਆਂ ਸੱਟਾਂ, ਮੁਖ਼ਬਰ ਦੀ ਸੂਹ 'ਤੇ ਛਾਪਾ ਮਾਰਨ ਗਈ ਸੀ ਪੁਲਿਸ ਪਾਰਟੀ

ਜਲਾਲਾਬਾਦ, 8 ਜਨਵਰੀ (ਸੰਧੂ): ਭਾਵੇਂ ਪੰਜਾਬ ਪੁਲਿਸ ਸੂਬੇ 'ਚੋਂ ਨਸ਼ਾ ਖ਼ਤਮ ਕਰਨ ਲਈ ਪੱਬਾਂ ਭਾਰ ਹੈ ਪਰ ਨਸ਼ੇ ਦੀਆਂ ਇਹ ਜੜ੍ਹਾਂ ਇੰਨੀਆਂ ਡੂੰਘੀਆਂ ਹੋ ਚੁਕੀਆਂ ਹਨ ਕਿ ਇਸ ਨੂੰ ਖ਼ਤਮ ਕਰਨ ਲਈ ਕਈ ਵਾਰ ਪੁਲਿਸ ਕਰਮਚਾਰੀਆਂ ਨੂੰ ਵੀ ਮਾੜੇ ਨਤੀਜੇ ਭੁਗਤਣੇ ਪੈ ਰਹੇ ਹਨ। ਤਾਜ਼ਾ ਮਾਮਲਾ ਜਲਾਲਾਬਾਦ ਤੋਂ ਸਾਹਮਣੇ ਆਇਆ ਹੈ। ਜਿਥੇ ਨਸ਼ਾ ਤਸਕਰਾਂ ਨੇ ਪੁਲਿਸ ਪਾਰਟੀ 'ਤੇ ਹਮਲਾ ਕਰ ਦਿਤਾ।

ਪੁਲਿਸ ਵਲੋਂ ਗ੍ਰਿਫ਼ਤਾਰ ਕੀਤਾ ਵਿਅਕਤੀ ਤੇ ਔਰਤ ਅਤੇ ਹਮਲੇ ਦੌਰਾਨ ਜ਼ਖ਼ਮੀ ਹੋਈ ਮਹਿਲਾ ਐਸ.ਐਚ.ਓ. ਅਮਰਜੀਤ ਕੌਰ।

ਜਾਣਕਾਰੀ ਅਨੁਸਾਰ ਜਲਾਲਾਬਾਦ ਦੇ ਥਾਣਾ ਸਦਰ ਵਿਖੇ ਤੈਨਾਤ ਐਸ.ਐਚ.ਓ ਅਮਰਜੀਤ ਕੌਰ ਅਤੇ ਉਨ੍ਹਾਂ ਦੇ ਗੰਨਮੈਨ ਪਿੰਡ ਢੰਡੀ ਕਦੀਮ ਵਿਖੇ ਨਸ਼ਾ ਤਸਕਰਾਂ ਨੂੰ ਕਾਬੂ ਕਰਨ ਲਈ ਗਏ ਸਨ ਕਿਉਂਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਕੁੱਝ ਨਸ਼ਾ ਤਸਕਰਾਂ ਨੇ ਡਰੋਨ ਰਾਹੀਂ ਪਾਕਿਸਤਾਨ ਤੋਂ ਨਸ਼ਾ ਮੰਗਵਾਇਆ ਹੈ। ਜਿਵੇਂ ਹੀ ਪੁਲਿਸ ਪਾਰਟੀ ਨੇ ਨਸ਼ਾ ਤਸਕਰਾਂ 'ਤੇ ਛਾਪਾ ਮਾਰਿਆ ਤਾਂ ਉਨ੍ਹਾਂ ਨੇ ਪੁਲਿਸ ਪਾਰਟੀ 'ਤੇ ਹਮਲਾ ਕਰ ਦਿਤਾ। ਸਿੱਟੇ ਵਜੋਂ ਐਸ.ਐਚ.ਓ ਅਮਰਜੀਤ ਕੌਰ ਦੀ ਬਾਂਹ ਟੁੱਟ ਗਈ ਤੇ ਉਨ੍ਹਾਂ ਦੇ 2 ਗੰਨਮੈਨਾਂ ਨੂੰ ਵੀ ਸੱਟਾਂ ਲੱਗੀਆਂ। ਜਾਣਕਾਰੀ ਅਨੁਸਾਰ ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਇਸ ਪਿੰਡ 'ਚ ਇਕ ਐਨਡੀਪੀਐਸ ਦਾ ਭਗੌੜਾ ਅਮਨਦੀਪ ਸਿੰਘ ਅਮਨਾ ਲੁਕਿਆ ਹੋਇਆ ਜਿਸ ਤੋਂ ਬਾਅਦ ਪੁਲਿਸ ਨੇ ਛਾਣੀ ਦੀ ਤਲਾਸ਼ੀ ਲੈਣੀ ਚਾਹੀ ਤਾਂ ਉੱਥੇ ਮੌਜੂਦ ਲੋਕਾਂ ਨੇ ਪੁਲਿਸ ਪਾਰਟੀ 'ਤੇ ਹਮਲਾ ਕਰ ਦਿਤਾ। ਇੰਨਾ ਹੀ ਨਹੀਂ ਪੁਲਿਸ ਦੇ ਇਕ ਜਵਾਨ ਤੋਂ ਮੋਬਾਈਲ ਵੀ ਖੋਹ ਲਿਆ ਗਿਆ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ। ਇਸ ਨਾਲ ਹੀ ਮਾਮਲੇ 'ਚ ਇਕ ਮਹਿਲਾ ਸਮੇਤ ਇਕ ਹੋਰ ਸ਼ਖ਼ਸ ਨੂੰ ਹਿਰਾਸਤ 'ਚ ਲੈ ਲਿਆ ਗਿਆ ਹੈ।

ਲੁਧਿਆਣਾ 'ਚ ਡਾਕਖ਼ਾਨੇ ਦੇ ਕਰਮਚਾਰੀ ਦੀ ਮੌਤ

ਕੰਮ 'ਤੇ ਜਾਂਦੇ ਸਮੇਂ ਮਿੰਨੀ ਬੱਸ ਨੇ ਮਾਰੀ ਟੱਕਰ, ਡਰਾਈਵਰ ਬੱਸ ਛੱਡ ਕੇ ਫ਼ਰਾਰ

ਲੁਧਿਆਣਾ, 8 ਜਨਵਰੀ (ਜੈਨ): ਲੁਧਿਆਣਾ ਵਿਚ ਡਾਕਖ਼ਾਨੇ ਵਿਚ ਕੰਮ ਕਰਦੇ ਇਕ ਵਿਅਕਤੀ ਦੀ ਸੜਕ ਹਾਦਸੇ 'ਚ ਮੌਤ ਹੋ ਗਈ ਹੈ। ਚੰਡੀਗੜ੍ਹ ਰੋਡ 'ਤੇ ਇਕ ਤੇਜ਼ ਰਫ਼ਤਾਰ ਮਿੰਨੀ ਬੱਸ ਚਾਲਕ ਨੇ ਉਸ ਨੂੰ ਟੱਕਰ ਮਾਰ ਦਿਤੀ। ਮ੍ਰਿਤਕ ਦਾ ਨਾਮ ਜਸਦੇਵ ਸਿੰਘ ਹੈ। ਉਹ ਘਰ ਤੋਂ ਕੰਮ 'ਤੇ ਜਾ ਰਿਹਾ ਸੀ। ਬੱਸ ਚਾਲਕ ਘਟਨਾ ਵਾਲੀ ਥਾਂ 'ਤੇ ਬੱਸ ਛੱਡ ਕੇ ਫ਼ਰਾਰ ਹੋ ਗਿਆ। ਮ੍ਰਿਤਕ ਜਸਦੇਵ ਸਿੰਘ ਦੇ ਪੁੱਤਰ ਸਿਮਰਨਜੀਤ ਸਿੰਘ ਨੇ ਦਸਿਆ ਕਿ ਉਸ ਦੇ ਪਿਤਾ ਅਪਣੀ ਐਕਟਿਵਾ 'ਤੇ ਡਿਊਟੀ ਲਈ ਜੇ.ਆਰ.ਐਸ.ਐਸ. ਪੋਸਟ ਆਫਿਸ ਪਿੰਡ ਸੁਨੈਤ ਜਾ ਰਹੇ ਸਨ। ਜਿਵੇਂ ਹੀ ਉਹ ਚੰਡੀਗੜ੍ਹ ਰੋਡ 'ਤੇ ਗਰੇਵਾਲ ਪੰਪ ਤੋਂ ਥੋੜ੍ਹਾ ਅੱਗੇ ਪੁੱਜੇ ਤਾਂ ਪਿੱਛੇ ਤੋਂ ਇਕ ਲਾਲ ਰੰਗ ਦੀ ਮਿੰਨੀ ਬੱਸ ਨੰਬਰ ਜਿਸ ਨੂੰ ਗੁਰਦੇਵ ਸਿੰਘ ਚਲਾ ਰਿਹਾ ਸੀ ਨੇ ਮੇਰੇ ਪਿਤਾ ਨੂੰ ਜ਼ੋਰਦਾਰ ਟੱਕਰ ਮਾਰ ਦਿਤੀ ਜਿਸ ਕਾਰਨ ਉਨ੍ਹਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪੁਲਿਸ ਨੇ ਮਾਮਲਾ ਦਰਜ ਕਰ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿਤੀ ਹੈ।

ਤੁਰਕੀ ਤੋਂ ਰੂਸ ਜਾਂਦੇ ਸਮੇਂ ਘਨੌਲੀ ਦਾ ਨੌਜਵਾਨ ਭੇਤਭਰੀ ਹਾਲਤ 'ਚ ਲਾਪਤਾ

ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਲਾਪਤਾ ਨੌਜਵਾਨ ਦੇ ਪਰਵਾਰਕ ਮੈਂਬਰ ਤੇ ਸੁਖਵਿੰਦਰ ਸਿੰਘ ਸੁੱਖੇ ਦੀ ਫ਼ਾਈਲ ਤਸਵੀਰ।

ਘਨੌਲੀ, 8 ਜਨਵਰੀ (ਅਮਰ ਸ਼ਰਮਾ) : ਜ਼ਿਲ੍ਹਾ ਰੂਪਨਗਰ ਦੇ ਪਿੰਡ ਦਸ਼ਮੇਸ਼ ਨਗਰ ਕਾਲੋਨੀ (ਘਨੌਲੀ) ਦੇ ਨੌਜਵਾਨ ਦੀ 11 ਮਹੀਨੇ ਬੀਤਣ ਉਪਰੰਤ ਵੀ ਕੋਈ ਉੱਘ ਸੁੱਘ ਨਹੀਂ ਲੱਗੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਲਾਪਤਾ ਨੌਜਵਾਨ ਦੀ ਪਤਨੀ ਅੰਜੂ ਨੇ ਦਸਿਆ ਕਿ ਉਸ ਦਾ ਪਤੀ ਸੁਖਵਿੰਦਰ ਸਿੰਘ (28) ਪੁੱਤਰ ਅਜਮੇਰ ਸਿੰਘ ਤੁਰਕੀ ਰੋਜ਼ੀ ਰੋਟੀ ਲਈ ਗਿਆ ਸੀ ਅਤੇ ਉਸ ਨੂੰ ਤੁਰਕੀ ਦੀ ਨਾਗਰਿਕਤਾ ਵੀ ਮਿਲ ਗਈ ਸੀ। ਉਸ ਨੇ ਦਸਿਆ ਕਿ ਕੁੱਝ ਸਮਾਂ ਪਹਿਲਾਂ ਇਟਲੀ 'ਚ ਰਹਿੰਦਾ ਉਨ੍ਹਾਂ ਦਾ ਇਕ ਰਿਸ਼ਤੇਦਾਰ ਕੋਮਲ ਗਿੱਲ ਉਨ੍ਹਾਂ ਕੋਲ ਆਇਆ ਤੇ ਉਸ ਨੇ ਮੇਰੇ ਪਤੀ ਤੇ ਉਸ ਦੇ ਇਕ ਹੋਰ ਸਾਥੀ ਨੂੰ ਲਾਲਚ ਦਿਤਾ ਕਿ ਜੇਕਰ ਉਹ ਇਟਲੀ ਆ ਜਾਣ ਤਾਂ ਉਹ ਉੱਥੇ ਉਨ੍ਹਾਂ ਨੂੰ ਵਧੀਆ ਕੰਮ ਦਿਵਾ ਦੇਵੇਗਾ ਜਿਸ ਤੋਂ ਬਾਅਦ ਮੇਰੇ ਪਤੀ ਉਨ੍ਹਾਂ ਦੇ ਸਾਥੀ ਅਕਾਸ਼ ਨੇ ਤੁਰਕੀ 'ਚ ਨੌਕਰੀ ਤੋਂ ਅਸਤੀਫ਼ਾ ਦੇ ਦਿਤਾ ਤੇ ਏਜੰਟ ਦੇ ਕਹਿਣ ਅਨੁਸਾਰ ਦੋਵੇਂ ਕਿਰਗਿਜ਼ਸਤਾਨ ਦਾ ਟੂਰਿਸਟ ਵੀਜ਼ਾ ਲਗਵਾ ਕੇ ਉੱਥੇ ਚਲੇ ਗਏ ਤੇ ਉੱਥੇ ਕੁੱਝ ਦਿਨ ਰੁਕਣ ਉਪਰੰਤ ਏਜੰਟ ਨੇ ਉਨ੍ਹਾਂ ਤੋਂ 2 ਲੱਖ ਰੁਪਏ ਲੈ ਕੇ ਇਟਲੀ ਦੀ ਥਾਂ ਰੂਸ ਦੇ ਮਾਸਕੋ ਸ਼ਹਿਰ ਭੇਜ ਦਿਤਾ। ਜਿਸ ਤੋਂ ਬਾਅਦ ਉਨ੍ਹਾਂ ਦਾ ਕੁੱਝ ਪਤਾ ਨਹੀਂ ਲਗਿਆ ਕਿ ਉਹ ਇਸ ਸਮੇਂ ਕਿੱਥੇ ਹਨ। ਉਨ੍ਹਾਂ ਪੰਜਾਬ ਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਸੁਖਵਿੰਦਰ ਸਿੰਘ ਦਾ ਜਲਦੀ ਪਤਾ ਲਗਾ ਕੇ ਵਾਪਸ ਭਾਰਤ ਲਿਆਂਦਾ ਜਾਵੇ।

ਸਰਕਾਰੀ ਡਾਇਰੀ

ਸੰਧਵਾਂ ਵਲੋਂ ਯੂ.ਟੀ. ਸਲਾਹਕਾਰ ਦੇ ਅਹੁਦੇ ਨੂੰ ਮੁੱਖ ਸਕੱਤਰ ਵਜੋਂ ਨਾਮਜ਼ਦ ਕਰਨ ਦੇ ਫ਼ੈਸਲੇ ਦੀ ਨਿੰਦਾ

ਚੰਡੀਗੜ੍ਹ, 8 ਜਨਵਰੀ (ਭੁੱਲਰ) : ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਯੂਟੀ ਸਲਾਹਕਾਰ ਦੇ ਅਹੁਦੇ ਨੂੰ ਮੁੱਖ ਸਕੱਤਰ ਵਜੋਂ ਨਾਮਜ਼ਦ ਕਰਨ ਦੇ ਫ਼ੈਸਲੇ ਦੀ ਸਖ਼ਤ ਨਿਖੇਧੀ ਕਰਦਿਆਂ ਇਸ ਨੂੰ ਚੰਡੀਗੜ੍ਹ 'ਤੇ ਪੰਜਾਬ ਦੇ ਹੱਕਾਂ ਨੂੰ ਕੁਚਲਣ ਵਾਲਾ ਕਦਮ ਕਰਾਰ ਦਿਤਾ ਹੈ। ਸਪੀਕਰ ਨੇ ਕਿਹਾ ਕਿ ਇਸ ਕਦਮ ਨੂੰ ਚੰਡੀਗੜ੍ਹ ਦੇ ਰੁਤਬੇ ਦੇ ਸੰਵੇਦਨਸ਼ੀਲ ਮੁੱਦੇ ਪ੍ਰਤੀ ਘੋਰ ਅਣਦੇਖੀ ਵਜੋਂ ਦੇਖਿਆ ਜਾ ਰਿਹਾ ਹੈ, ਜੋ ਕਿ ਪੰਜਾਬ ਅਤੇ ਕੇਂਦਰ ਸਰਕਾਰ ਦਰਮਿਆਨ ਲੰਮੇ ਸਮੇਂ ਤੋਂ ਵਿਵਾਦ ਦਾ ਵਿਸ਼ਾ ਰਿਹਾ ਹੈ। ਸੰਧਵਾਂ ਨੇ ਜ਼ੋਰ ਦੇ ਕੇ ਕਿਹਾ ਕਿ ਰੀ-ਡੈਜਿਗਨੇਸ਼ਨ ਨਾ ਸਿਰਫ਼ ਪ੍ਰਸ਼ਾਸਨਿਕ ਗੜਬੜ ਹੈ, ਸਗੋਂ ਚੰਡੀਗੜ੍ਹ 'ਤੇ ਪੰਜਾਬ ਦੇ ਜਾਇਜ਼ ਦਾਅਵਿਆਂ/ਹੱਕਾਂ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਵੀ ਹੈ।

ਸੰਧਵਾਂ ਨੇ ਅੱਗੇ ਕਿਹਾ ਕਿ ਅਸੀਂ ਕੇਂਦਰ ਸਰਕਾਰ ਨੂੰ ਇਸ ਫ਼ੈਸਲੇ 'ਤੇ ਮੁੜ ਵਿਚਾਰ ਕਰਨ ਅਤੇ ਪੰਜਾਬ ਦੇ ਲੋਕਾਂ ਦੇ ਅਧਿਕਾਰਾਂ ਦਾ ਸਨਮਾਨ ਕਰਨ ਦੀ ਅਪੀਲ ਕਰਦੇ ਹਾਂ। ਇਸ ਘਟਨਾਕ੍ਰਮ ਨੇ ਪੰਜਾਬ ਦੇ ਆਗੂਆਂ ਅਤੇ ਨਾਗਰਿਕਾਂ ਵਿਚ ਵੱਡੀ ਬੇਚੈਨੀ ਪੈਦਾ ਕਰ ਦਿਤੀ ਹੈ ਅਤੇ ਹਰ ਕੋਈ ਇਸਨੂੰ ਪੰਜਾਬ ਦੇ ਚੰਡੀਗੜ੍ਹ 'ਤੇ ਅਧਿਕਾਰਾਂ ਨੂੰ ਜਾਣਬੁੱਝ ਕੇ ਢਾਹ ਲਾਉਣ ਦੀ ਕੋਸ਼ਿਸ਼ ਵਜੋਂ ਦੇਖ ਰਿਹਾ ਹੈ। ਪੰਜਾਬ ਸਰਕਾਰ ਨੇ ਹਮੇਸ਼ਾ ਇਸ ਗੱਲ 'ਤੇ ਜ਼ੋਰ ਦਿਤਾ ਹੈ ਕਿ ਚੰਡੀਗੜ੍ਹ ਸੂਬੇ ਦਾ ਅਨਿੱਖੜਵਾਂ ਅੰਗ ਹੈ ਅਤੇ ਇਸ ਦੇ ਪ੍ਰਸ਼ਾਸਨ ਬਾਰੇ ਕੋਈ ਵੀ ਫ਼ੈਸਲਾ ਸੂਬਾ ਸਰਕਾਰ ਨਾਲ ਸਲਾਹ-ਮਸ਼ਵਰਾ ਕਰ ਕੇ ਲਿਆ ਜਾਣਾ ਚਾਹੀਦਾ ਹੈ।

ਪੰਜਾਬ ਕੈਬਨਿਟ ਸਬ-ਕਮੇਟੀ ਵਲੋਂ ਮੁਲਾਜ਼ਮ ਯੂਨੀਅਨਾਂ ਨਾਲ ਉਸਾਰੂ ਮੀਟਿੰਗਾਂ

ਚੰਡੀਗੜ੍ਹ, 8 ਜਨਵਰੀ : ਪੰਜਾਬ ਸਰਕਾਰ ਵਲੋਂ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਅਤੇ ਮਸਲਿਆਂ ਦੇ ਹੱਲ ਲਈ ਗਠਿਤ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਅਤੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ 'ਤੇ ਆਧਾਰਿਤ ਕੈਬਨਿਟ ਸਬ-ਕਮੇਟੀ ਨੇ ਅੱਜ ਮੈਰੀਟੋਰੀਅਸ ਟੀਚਰਜ਼ ਯੂਨੀਅਨ, 3704 ਅਧਿਆਪਕ ਯੂਨੀਅਨ, ਡੈਮੋਕਰੇਟਿਕ ਟੀਚਰਜ਼ ਫ਼ਰੰਟ, ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ, ਖੇਤਬਾੜੀ ਵਿਦਿਆਰਥੀ ਐਸੋਸੀਏਸ਼ਨ ਅਤੇ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੇ ਨੁਮਾਇੰਦਿਆਂ ਨਾਲ ਲੜੀਵਾਰ ਮੀਟਿੰਗਾਂ ਕੀਤੀਆਂ। ਇਨ੍ਹਾਂ ਯੂਨੀਅਨਾਂ ਤੇ ਐਸੋਸੀਏਸ਼ਨਾਂ ਦੀਆਂ ਮੰਗਾਂ ਦੇ ਹੱਲ ਸਬੰਧੀ ਭਰੋਸਾ ਦਿੰਦੇ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਨ੍ਹਾਂ ਮਾਮਲਿਆਂ ਨੂੰ ਗੰਭੀਰਤਾ ਨਾਲ ਵਿਚਾਰਿਆ ਜਾ ਰਿਹਾ ਹੈ।

ਪੰਜਾਬ ਸਰਕਾਰ ਨੇ ਮੇਲਾ ਮਾਘੀ ਮੌਕੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ 'ਚ ਸਥਾਨਕ ਛੁੱਟੀ ਐਲਾਨੀ

ਸ੍ਰੀ ਮੁਕਤਸਰ ਸਾਹਿਬ, 8 ਜਨਵਰੀ (ਰਣਜੀਤ ਸਿੰਘ): ਪੰਜਾਬ ਸਰਕਾਰ ਨੇ ਮੇਲਾ ਮਾਘੀ ਮੌਕੇ 14 ਜਨਵਰੀ, 2025 (ਮੰਗਲਵਾਰ) ਨੂੰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਸਰਕਾਰੀ ਦਫ਼ਤਰਾਂ, ਬੋਰਡਾਂ/ਕਾਰਪੋਰੇਸ਼ਨਾਂ ਅਤੇ ਸਰਕਾਰੀ ਵਿਦਿਅਕ ਅਦਾਰਿਆਂ ਵਿਚ ਸਥਾਨਕ ਛੁੱਟੀ ਦਾ ਐਲਾਨ ਕੀਤਾ ਹੈ। ਸਰਕਾਰੀ ਬੁਲਾਰੇ ਨੇ ਦਸਿਆ ਕਿ ਇਸ ਸਬੰਧੀ